ਦਫਤਰ ਜਿਲ੍ਹਾ ਸਿੱਖਿਆ ਅਫਸਰ (ਐ:ਸਿ:)-ਕਮ-ਜਿਲ੍ਹਾ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ, ਸੈਕਟਰ-76, ਕਮਰਾ ਨੰ: 362, ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਫੋਨ ਨੰ:0172-2219100 ਈ-ਮੇਲ:- deossamohali1@gmail.com

---

## ਅੰਤਕਾ

## ਫ਼ਾਰਮ-II

ਵੱਲ:

ਮੈਨੇਜਰ/ਚੇਅਰਪਰਸਨ/ਸਕੱਤਰ
ਗਲੌਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ
ਡੇਰਾਬੱਸੀ, ਜ਼ਿਲ੍ਹਾ ਐਸ.ਏ.ਐਸ ਨਗਰ।

ਪੱਤਰ ਨੰ.: ਆਰ.ਟੀ.ਈ./ਮਾਨਤਾ/2017/1050 ਮਿਤੀ: 30/11/17

ਵਿਸ਼ਾ: **"ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ ਐਕਟ-2009' ਦੀ ਧਾਰਾ 18 ਦੇ ਮੰਤਵ ਲਈ" ਪੰਜਾਬ ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ-ਸਿੱਖਿਆ ਦਾ ਅਧਿਕਾਰ ਨਿਯਮ 2011' ਦੇ ਨਿਯਮ 11 ਦੇ ਉਪ ਨਿਯਮ (4) ਅਧੀਨ ਆਪ ਜੀ ਦੇ ਸਕੂਲ ਨੂੰ ਮਾਨਤਾ ਪੱਤਰ।**

ਸ੍ਰੀਮਾਨ/ਸ੍ਰੀਮਤੀ ਜੀ,

ਆਪ ਜੀ ਦੀ ਪ੍ਰਤੀਬੇਨਤੀ ਅਤੇ ਆਪ ਵਲੋਂ ਦਿੱਤੀ ਗਈ ਸਵੈ-ਘੋਸ਼ਨਾ ਦੇ ਆਧਾਰ ਤੇ ਮੈਂ **ਗਲੌਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ, ਡੇਰਾਬੱਸੀ, ਜ਼ਿਲ੍ਹਾ ਐਸ.ਏ.ਐਸ ਨਗਰ** ਨੂੰ ਜਮਾਤ ਪਹਿਲੀ ਤੋਂ ਜਮਾਤ ਅੱਠਵੀਂ ਤੱਕ ਮਾਨਤਾ ਭੇਜਦਾ ਹਾਂ।

ਉਪਰੋਕਤ ਮਾਨਤਾ ਹੇਠ ਦਿੱਤੀਆਂ ਸ਼ਰਤਾਂ ਦੇ ਅਧਾਰ ਤੇ ਹੈ ਕਿ :-

1) ਸਕੂਲ ਪ੍ਰਬੰਧਨ ਦੀ ਇਹ ਨਿੱਜੀ ਜ਼ਿਮੇਵਾਰੀ ਹੋਵੇਗੀ ਕਿ ਮਿਆਦ ਅਨੁਸਾਰ ਸਕੂਲ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਅਤੇ ਫਾਇਰ ਸੇਫਟੀ ਸਰਟੀਫਿਕੇਟ ਇਸ ਦਫ਼ਤਰ ਵਿਖੇ ਜਮ੍ਹਾਂ ਕਰਵਾਇਆ ਜਾਵੇ। ਅਣਗਹਿਲੀ ਦੀ ਸੂਰਤ ਵਿੱਚ ਆਪ ਦੇ ਸਕੂਲ ਦੀ ਮਾਨਤਾ ਰੱਦ ਕਰਨ ਦੀ ਪ੍ਰਕਿਰਿਆ ਆਰੰਭੀ ਜਾਵੇਗੀ।

2) ਮਾਨਤਾ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿੱਚ ਅਠਵੀਂ ਜਮਾਤ ਤੋਂ ਅੱਗੇ ਦੀ ਮਾਨਤਾ / ਐਫੀਲੀਏਸ਼ਨ ਤੇ ਲਾਗੂ ਨਹੀਂ ਹੁੰਦੀ।

3) ਉਕਤ ਮਾਨਤਾ ਆਪ ਦੁਆਰਾ ਦਿੱਤੀ ਗਈ ਸਵੈ ਘੋਸ਼ਨਾ ਦੇ ਆਧਾਰ ਤੇ ਹੈ ਜੇਕਰ ਸਵੈ ਘੋਸ਼ਨਾ ਵਿੱਚ ਦਰਜ਼ ਮੱਦਾਂ ਵਿਚੋਂ ਕੋਈ ਮੱਦ ਗਲਤ ਜਾਂ ਝੂਠੀ ਪਾਈ ਜਾਂਦੀ ਹੈ ਤਾਂ ਇਹ ਮਾਨਤਾ ਰੱਦ ਕਰਨ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ ।

4) ਸਕੂਲ "ਸੁਸਾਇਟੀ ਰਜਿਸਟਰੇਸ਼ਨ ਐਕਟ, 1860 (ਐਕਟ ਨੰਬਰ 21, 1960)' ਅਧੀਨ ਰਜਿਸਟਰ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ-ਸਮੇਂ ਤੇ ਲਾਗੂ ਕਿਸੇ ਕਾਨੂੰਨ ਅਧੀਨ ਸਥਾਪਿਤ ਟਰਸਟ ਦੁਆਰਾ ਚਲਾਇਆ ਜਾ ਰਿਹਾ ਹੈ।

5) ਸੋਸਾਇਟੀ ਦੀ ਰਜਿਸਟਰੇਸ਼ਨ ਦਾ ਨਵੀਨੀਕਰਨ, ਜੇ ਜ਼ਰੂਰੀ ਹੋਵੇ, ਯਕੀਨੀ ਬਣਾਇਆ ਜਾਵੇਗਾ।

6) ਸਕੂਲ ਕਿਸੇ ਵਿਅਕਤੀ, ਸਮੂਹ ਜਾਂ ਵਿਅਕਤੀ-ਸਮੂਹਾਂ ਜਾਂ ਕਿਸੇ ਹੋਰ ਦੇ ਨਿੱਜੀ ਲਾਭ ਲਈ ਨਹੀਂ ਚਲਾਇਆ ਜਾ ਰਿਹਾ ਹੈ।

7) ਸਕੂਲ ਦਾ ਲੇਖਾ ਕਿਸੇ ਚਾਰਟਿਡ-ਲੇਖਾਕਾਰ ਦੁਆਰਾ ਆਡਿਟ ਅਤੇ ਪ੍ਰਮਾਣਿਤ ਕੀਤਾ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀਆਂ ਉਚਿਤ ਸਟੇਟਮੈਂਟਾਂ ਤਿਆਰ ਕੀਤੀਆਂ ਜਾਣਗੀਆਂ।

8) ਸਕੂਲ ਪਹਿਲੀ ਜਮਾਤ ਵਿੱਚ ਜਮਾਤ ਦੀ ਕੁਲ ਸੰਖਿਆ ਦਾ 25%, ਗੁਆਂਢ ਦੇ ਕਮਜ਼ੋਰ ਤਬਕੇ ਅਤੇ ਸੁਵਿਧਾ ਰਹਿਤ ਗਰੁੱਪ ਨਾਲ਼ ਸੰਬੰਧਿਤ ਬੱਚਿਆਂ ਨੂੰ ਦਾਖ਼ਲ ਕਰੇਗਾ ਅਤੇ ਮੁਫ਼ਤ ਅਤੇ ਲਾਜ਼ਮੀ ਸਿੱਖਿਆ, ਇਸ ਦੇ ਪੂਰੀ ਹੋਣ ਤੱਕ ਪ੍ਰਦਾਨ ਕਰੇਗਾ। ਜੇ ਸਕੂਲ ਪ੍ਰੀ-ਪ੍ਰਾਇਮਰੀ ਸਿੱਖਿਆ ਪ੍ਰਦਾਨ ਕਰਦਾ ਹੈ, ਇਹੀ ਸ਼ਰਤਾਂ ਲਾਗੂ ਹੋਣਗੀਆਂ।

9) ਪੈਰ੍ਹਾ 7 ਵਿੱਚ ਦਰਸਾਏ ਗਏ ਬੱਚਿਆਂ ਲਈ, ਐਕਟ ਦੀ ਧਾਰਾ 12 ਦੇ ਉਪਬੰਧ 2 ਅਨੁਸਾਰ ਸਕੂਲ ਨੂੰ ਖ਼ਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀਪੂਰਤੀ ਪ੍ਰਾਪਤ ਕਰਨ ਲਈ ਸਕੂਲ ਨੂੰ ਵੱਖਰਾ ਬੈਂਕ-ਖਾਤਾ ਰੱਖਣਾ ਪਵੇਗਾ।

10) ਸਕੂਲ ਕੋਈ ਕੈਪੀਟੇਸ਼ਨ ਫ਼ੀਸ ਨਹੀਂ ਲਵੇਗਾ ਅਤੇ ਬੱਚੇ ਜਾਂ ਉਸਦੇ ਮਾਤਾ-ਪਿਤਾ ਜਾਂ ਉਸੇ ਦੇ ਸਰਪ੍ਰਸਤਾਂ ਨੂੰ ਕਿਸੇ ਛਾਂਟੀ-ਪ੍ਰਕਿਰਿਆ ਵਿੱਚ ਨਹੀਂ ਪਾਏਗਾ।

11) ਸਕੂਲ ਕਿਸੇ ਬੱਚੇ ਨੂੰ ਹੇਠ ਲਿਖੇ ਕਾਰਨਾਂ ਕਰਕੇ ਦਾਖ਼ਲਾ ਦੇਣ ਤੋਂ ਇਨਕਾਰ ਨਹੀਂ ਕਰੇਗਾ:-

ੳ) ਕਿਸੇ ਬੱਚੇ ਦਾ ਉਮਰ ਦਾ ਸਬੂਤ ਨਾ ਹੋਣਾ;
ਅ) ਕਿਸੇ ਵੀ ਬੱਚੇ ਦੁਆਰਾ ਵਧਾਏ ਗਏ ਸਮੇਂ ਵਿੱਚ ਜਾਂ ਵਧਾਏ ਗਏ ਸਮੇਂ ਤੋਂ ਬਾਅਦ ਦਾਖ਼ਲਾ ਮੰਗਣਾ; ਜਾਂ
ੲ) ਧਰਮ, ਜਾਤ, ਨਸਲ ਜਾਂ ਜਨਮ-ਸਥਾਨ ਜਾਂ ਇਹਨਾਂ ਵਿਚੋਂ ਕਿਸੇ ਵੀ ਕਾਰਨ।

12) ਸਕੂਲ ਇਹ ਯਕੀਨੀ ਬਣਾਏਗਾ ਕਿ:-

ੳ) ਦਾਖ਼ਲ ਕੀਤੇ ਕਿਸੇ ਵੀ ਬੱਚੇ ਨੂੰ ਜਮਾਤ ਵਿੱਚ ਵਾਪਸ ਨਹੀਂ ਰੱਖਿਆ ਜਾਵੇਗਾ ਜਾਂ ਸਕੂਲ ਵਿੱਚ ਮੁੱਢਲੀ ਸਿੱਖਿਆ ਪੂਰੀ ਹੋਣ ਤੋਂ ਪਹਿਲਾਂ ਸਕੂਲੋਂ ਕੱਢਿਆ ਨਹੀਂ ਜਾਵੇਗਾ।

ਅ) ਕਿਸੇ ਵੀ ਬੱਚੇ ਨੂੰ ਸਰੀਰਕ-ਦੰਡ ਜਾਂ ਮਾਨਸਿਕ-ਪ੍ਰੇਸ਼ਾਨੀ ਦਾ ਭਾਗੀ ਨਹੀਂ ਬਣਾਇਆ ਜਾਵੇਗਾ।

ਏ) ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਬੱਚੇ ਨੂੰ ਬੋਰਡ ਦੀ ਕੋਈ ਵੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀਂ ਹੋਵੇਗੀ।

ਸ) ਮੁੱਢਲੀ ਸਿੱਖਿਆ ਸੰਪੂਰਨ ਕਰਨ ਵਾਲ਼ੇ ਹਰ ਬੱਚੇ ਨੂੰ ਨਿਯਮ 21 ਅਨੁਸਾਰ ਇੱਕ ਪ੍ਰਮਾਣ-ਪੱਤਰ ਪ੍ਰਦਾਨ ਕੀਤਾ ਜਾਵੇਗਾ।

ਹ) ਐਕਟ ਦੇ ਉਪਬੰਧਾਂ ਅਨੁਸਾਰ ਅਪੰਗ/ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੀ ਸ਼ਮੂਲੀਅਤ ਕੀਤੀ ਜਾਵੇਗੀ।

ਕ) ਐਕਟ ਦੀ ਧਾਰਾ 23 ਦੇ ਉਪਨਿਯਮ (1) ਅਨੁਸਾਰ ਘੱਟੋ-ਘੱਟ ਵਿੱਦਿਅਕ ਯੋਗਤਾਵਾਂ ਪੂਰੀਆਂ ਕਰਦੇ ਅਧਿਆਪਕ ਹੀ ਨਿਯੁਕਤ ਕੀਤੇ ਜਾਣਗੇ।

ਖ) ਅਧਿਆਪਕ ਆਪਣੇ ਆਪ ਨੂੰ ਕਿਸੇ ਵੀ ਪ੍ਰਾਈਵੇਟ ਅਧਿਆਪਣ ਕਿਰਿਆ ਵਿੱਚ ਮਸ਼ਰੂਫ਼ ਨਹੀਂ ਕਰਨਗੇ।

13) ਸਕੂਲ ਉਚਿਤ ਅਥਾਰਟੀ ਦੁਆਰਾ ਨਿਰਧਾਰਿਤ ਵਿਸ਼ਿਆਂ ਦੇ ਅਧਾਰ ਤੇ ਪਾਠਕ੍ਰਮ ਨੂੰ ਅਪਨਾਏਗਾ।

14) ਸਕੂਲ ਐਕਟ ਦੀ ਧਾਰਾ 19 ਅਧੀਨ ਦਰਸਾਈਆਂ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ।

15) ਸਕੂਲ ਦੇ ਇਸ ਨਾਂ ਤੇ ਸਕੂਲ ਦੀ ਇਮਾਰਤ ਦੇ ਅੰਦਰ ਜਾਂ ਬਾਹਰ ਕੋਈ ਗੈਰ-ਮਾਨਤਾ ਪ੍ਰਾਪਤ ਜਮਾਤਾਂ ਨਹੀਂ ਚਲਾਈਆਂ ਜਾਣਗੀਆਂ।

16) ਸਕੂਲ-ਭਵਨ ਜਾਂ ਹੋਰ ਢਾਂਚਾ ਜਾਂ ਮੈਦਾਨ ਸਿਰਫ਼ ਪੜ੍ਹਾਈ ਅਤੇ ਯੋਗਤਾ-ਵਿਕਾਸ ਲਈ ਵਰਤਿਆ ਜਾਵੇਗਾ।

17) ਸਕੂਲ ਸਮੇਂ-ਸਮੇਂ ਤੇ ਡਾਇਰੈਕਟਰ-ਸਕੂਲ ਐਜੂਕੇਸ਼ਨ ਜਾਂ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਲੋੜੀਂਦੀ ਸੂਚਨਾ ਅਤੇ ਜਾਣਕਾਰੀ ਉਪਲਬਧ ਕਰਵਾਏਗਾ ਅਤੇ ਰਾਜ ਸਰਕਾਰ ਸਥਾਨਕ ਅਥਾਰਟੀ ਵੱਲੋਂ ਸਕੂਲ ਦੀ ਮਾਨਤਾ ਨੂੰ ਬਣਾਏ ਰੱਖਣ ਲਈ ਲੋੜੀਂਦੀਆਂ ਸ਼ਰਤਾਂ ਜਾਂ ਸਕੂਲ ਸੰਚਾਲਣ ਦੀਆਂ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਹਦਾਇਤਾਂ ਦੀ ਪਾਲਣਾ ਕਰੇਗਾ।

18) ਆਪ ਜੀ ਦੇ ਸਕੂਲ ਨੂੰ ਪ੍ਰਦਾਨ ਕੀਤਾ ਮਾਨਤਾ ਕੋਡ ਨੰਬਰ ਆਰ.ਟੀ.ਈ.(ਮਾਨਤਾ)-**ਆਰ.ਟੀ.ਈ/-** 2017/1050 (ਇਹ ਕੋਡ ਨੋਟ ਕਰ ਲਿਆ ਜਾਵੇ ਅਤੇ ਭਵਿੱਖ ਵਿੱਚ ਇਸ ਦਫ਼ਤਰ ਨਾਲ਼ ਹੋਣ ਵਾਲੇ ਕਿਸੇ ਵੀ ਪੱਤਰ-ਵਿਹਾਰ ਲਈ ਵਰਤਿਆ ਜਾਵੇ)।

30/11/17

**ਜ਼ਿਲ੍ਹਾ ਸਿੱਖਿਆ ਅਫਸਰ(ਐ.ਸਿ.)**
**ਸਾਹਿਬਜ਼ਾਦਾ ਅਜੀਤ ਸਿੰਘ ਨਗਰ।**

ਨੰ: 3/4/2019-3ਸਿ3/1421282/1

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,

Global Wisdom International School

ਡੇਰਾਬੱਸੀ (ਜਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ).

ਮਿਤੀ:ਚੰਡੀਗੜ੍ਹ: 15/2/2019

ਵਿਸ਼ਾ:- Global Wisdom International School ਡੇਰਾਬੱਸੀ (ਜਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ) ਦਾ ਸੀ.ਬੀ.ਐਸ.ਈ. (ਨਵੀਂ ਦਿੱਲੀ) ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

******

ਸ੍ਰੀਮਾਨ ਜੀ,

ਉਪਰਕੋਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਐਸ.ਏ.ਐਸ ਨਗਰ, ਮੋਹਾਲੀ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ **ਸੀ.ਬੀ.ਐਸ.ਈ** ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।
3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।
4. **ਸੀ.ਬੀ.ਐਸ.ਈ** ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ

ਭੱਤੇ ਆਦਿ ਅਕਾਊਂਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

6 ਬੱਚਿਆ ਦੀ ਸੁਰੱਖਿਆ, ਪਬਲਿਕ ਹੈਲਥ ਸੈਨੀਟੇਸ਼ਨ ਅਤੇ ਹੋਰ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਦੀਆਂ ਸ਼ਰਤਾਂ ਦਾ ਸਮੇ -2 ਨਿਰੀਖਣ ਪੰਜਾਬ ਸਰਕਾਰ ਦੇ ਅਧਿਕਾਰੀਆਂ ਵੱਲੋਂ ਕੀਤਾ ਜਾਵੇਗਾ।

7. ਪੰਜਾਬ ਸਰਕਾਰ ਵੱਲੋਂ ਪੱਤਰ ਨੰ:2/93/2009/3ਸਿ3/1360154 ਮਿਤੀ 26.11.2018 ਰਾਹੀਂ ਜਾਰੀ ਕੀਤੀਆਂ ਗਾਈਡਲਾਇਨਜ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇ।

ਵਿਸ਼ੇਸ਼ ਸਕੱਤਰ, ਸਕੂਲ ਸਿੱਖਿਆ

ਪਿੰ:ਅੰ:ਨੰ: 3/4/2019-3ਸਿ3 ਮਿਤੀ, ਚੰਡੀਗੜ੍ਹ:

ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ. 19/28-2018 ਗ੍ਰਾਂਟ ਪੇਨ 2(2)/201917812 ਮਿਤੀ 15.1.2019 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ। ਸਬੰਧਤ ਸਕੂਲ ਤੋਂ ਉਪਰੋਕਤ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

2. Global Wisdom International School ਡੇਰਾਬੱਸੀ (ਜਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ) ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

ਵਿਸ਼ੇਸ਼ ਸਕੱਤਰ, ਸਕੂਲ ਸਿੱਖਿਆ

<u>ਉਸੇ ਨੰਬਰ ਅਤੇ ਮਿਤੀ ਦਾ ਥਾਂ ਲੇਵਾ</u>

**ਪੰਜਾਬ ਸਰਕਾਰ**
**ਸਿੱਖਿਆ ਵਿਭਾਗ**
**(ਸਿੱਖਿਆ-3 ਸ਼ਾਖਾ)**

**ਹੁਕਮ ਨੰ. 3/4/2019-3ਸਿ3/1421298/1**
**ਮਿਤੀ, ਚੰਡੀਗੜ੍ਹ::15.02.2019**

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.),ਐਸ.ਏ.ਐਸ. ਨਗਰ, ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਮੋਹਾਲੀ ਰਾਹੀਂ ਪ੍ਰਾਪਤ ਹੋਈ ਆਪ ਦੀ ਪ੍ਰਤੀਬੇਨਤੀ ਨੂੰ ਗਹੁ ਨਾਲ ਘੋਖਣ ਉਪਰੰਤ Global Wisdom International School ਡੇਰਾਬੱਸੀ (ਜਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ) ਨੂੰ ਸੀਨੀਅਰ ਸੈਕੰਡਰੀ ਦੀ ਮਾਨਤਾ ਹੇਠ ਲਿਖੀਆਂ ਸ਼ਰਤਾਂ ਤੇ ਦਿੱਤੀ ਜਾਂਦੀ ਹੈ:-

1. ਸਕੂਲ The Right of Children to Free and Compulsory Education Act, 2009 ਦੀ ਪਾਲਣਾ ਕਰੇਗਾ।
2. ਸਕੂਲ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕਰਨਾ ਯਕੀਨੀ ਬਣਾਏਗਾ।
3. ਕਿਸੇ ਵੀ ਸਟੇਜ ਤੇ ਤੱਥਾਂ ਦੇ ਗਲਤ ਸਾਬਤ ਹੋਣ ਦੀ ਸੂਰਤ ਵਿੱਚ ਇਹ ਮਾਨਤਾ ਰੱਦ ਕੀਤੀ ਜਾਵੇਗੀ।
4. ਸਕੂਲ ਵਲੋਂ ਸੀਨੀਅਰ ਸੈਕੰਡਰੀ ਸਕੂਲ ਦੇ ਪੱਧਰ ਦੀ ਬਣਦੀ ਪ੍ਰੋਸੈਸਿੰਗ ਫੀਸ ਚਲਾਨ 'ਮਿਤੀ 18.12.2018 ਨੂੰ 44,000/- ਰੁ. ਮਿਤੀ ਨਿਲ ਨੂੰ 48,000/-ਰੁ: ਅਤੇ ਚਲਾਨ ਮਿਤੀ 12.2.2019 ਨੂੰ 9,000/- ਰੁ. ਰਾਹੀਂ ਕੁੱਲ 1,01,000/-ਰੁਪਏ ਜਮ੍ਹਾ ਕਰਵਾਈ ਗਈ ਹੈ।

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

**ਪਿ.ਅੰ.ਨੰ. 3/4/2019-3ਸਿ3/1421298/2-3** **ਮਿਤੀ , ਚੰਡੀਗੜ੍ਹ:15.02.2019**

ਉਪਰਕੋਤ ਦਾ ਇਕ ਉਤਾਰਾ ਹੇਠ ਲਿੱਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ) ਪੰਜਾਬ, ਮੋਹਾਲੀ।
2. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਐਸ.ਏ.ਐਸ. ਨਗਰ।

**ਸੁਪਰਡੰਟ**